# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਨਗਰ ਨਿਗਮ ਵਲੋਂ ਸ਼ਹਿਰ ਦੇ ਵਾਰਡਾਂ ਵਿਚ ਫੋਗਿੰਗ ਸਪਰੇਅ ਦੇ ਕੰਮ ਦੀ ਮੇਅਰ ਸ਼ਿਵ ਸੂਦ ਨੇ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 05 ਜੁਲਾਈ ਗਰਮੀਆਂ ਦੇ ਮੌਸਮ ਦੌਰਾਨ ਮੱਛਰ/ਮੱਖੀਆਂ ਦੀ ਸੰਖਿਆ ਵਿਚ ਵਾਧਾ ਹੋਣ ਕਾਰਨ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਨਗਰ ਨਿਗਮ ਵਲੋਂ ਫੋਗਿੰਗ ਸਪਰੇਅ ਕਰਨ ਦੇ ਕੰਮ ਦੀ ਸ਼ੁਰੂਆਤ ਮੇਅਰ ਸ਼ਿਵ ਸੂਦ ਨੇ ਕੀਤੀ। ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਕਾਰਜਕਾਰੀ ਇੰਜੀਨੀਅਰ ਨਰੇਸ਼ ਬੱਤਾ, ਐੱਸ.ਡੀ.ਓ. ਹਰਪ੍ਰੀਤ ਸਿੰਘ, ਚੀਫ਼ ਸੈਂਲਟਰੀ ਇੰਸਪੈਕਟਰ ਨਵਦੀਪ ਸ਼ਰਮਾ, ਸੈਂਨਟਰੀ ਇੰਸਪੈਕਟਰ ਜਨਕ ਰਾਜ ਅਤੇ ਰਾਹੁਲ ਸ਼ਰਮਾ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਫੋਗਿੰਗ ਸਪਰੇਅ ਕਰਨ ਨਾਲ ਮੱਛਰ ਅਤੇ ਮੱਖੀਆਂ ਵਲੋਂ ਫੈਲਾਈਆਂ ਜਾ ਰਹੀਆਂ ਬਿਮਾਰੀਆਂ ਦੀ ਰੋਕਥਾਮ ਕੀਤੀ ਜਾ ਸਕੇਗੀ। ਨਗਰ ਨਿਗਮ ਵਲੋਂ 05 ਜੁਲਾਈ ਤੋਂ 02 ਅਗਸਤ ਤੱਕ ਹਰ ਰੋਜ਼ 2 ਵਾਰਡਾਂ ਵਿਚ ਸ਼ਾਮ 5:00 ਤੋਂ ਫੋਗਿੰਗ ਸਪਰੇਅ ਕੀਤੀ ਜਾਵੇਗੀ , ਸ਼ਹਿਰ ਦੇ ਤੰਗ ਅਤੇ ਛੋਟੇ ਬਾਜ਼ਾਰਾਂ ਵਿੱਚ ਹੈਂਡੀ ਫੋਗਿੰਗ ਮਸ਼ੀਨ ਨਾਲ ਸਪਰੇਅ ਕੀਤੀ ਜਾਵਗੀ। ਇਸ ਵਿਚ ਐਤਵਾਰ ਛੁੱਟੀ ਵਾਲੇ ਦਿਨ ਫੋਗ ਸਪਰੇਅ ਨਹੀ ਕੀਤੀ ਜਾਵੇਗੀ। ਬਰਸਾਤ ਅਤੇ ਤੇਜ਼ ਹਵਾਵਾਂ ਦੇ ਸਮੇਂ ਫੋਗਿੰਗ ਨਹੀਂ ਚਲਾਈ ਜਾਵੇਗੀ, ਫੋਗਿੰਗ ਸ਼ਡਿਊਲ ਮੁਤਾਬਿਕ ਨਾ ਹੋਣ ਵਾਲੇ ਵਾਰਡ ਨੂੰ ਅਗਲੇ ਦਿਨ ਕਰਵਾਇਆ ਜਾਵੇਗਾ। ਉਹਨਾਂ ਦੱਸਿਆ ਕਿ ਅੱਜ ਵਾਰਡ ਨੰ: 1 ਅਤੇ 2 ਵਿਚ ਫੋਗਿੰਗ ਸਪਰੇਅ ਕੀਤੀ ਜਾ ਰਹੀ ਹੈ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਛੱਤ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣ ਚੰਗੀ ਤਰ੍ਹਾ ਬੰਦ ਕਰਕੇ ਰੱਖਣ, ਪਾਣੀ ਰੱਖਣ ਵਾਲੇ ਬਰਤਨਾਂ, ਬਾਲਟੀਆਂ ਢੱਕ ਕੇ ਰੱਖਣ ਆਪਣੇ ਘਰਾਂ ਦੇ ਆਸ-ਪਾਸ ਪਾਣੀ ਇੱਕਠਾ ਨਾਂ ਹੋਣ ਦੇਣ ਤਾਂ ਜ਼ੋ ਮਲੇਰੀਆ ਅਤੇ ਡੈਂਗੂ ਦੇ ਲਾਰਵੇ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਨਗਰ ਨਿਗਮ ਵਲੋਂ ਕੀਤੇ ਜਾਣ ਵਾਲੇ ਫੋਗਿੰਗ ਸਪਰੇਅ ਦੇ ਮੌਕੇ ਤੇ ਸ਼ਹਿਰ ਨਿਵਾਸੀ ਆਪਣੇ ਘਰਾਂ ਦੇ ਦਰਵਾਜ਼ੇ ਅਤੇ ਖਿੜਕੀਆਂ ਖੋਲਕੇ ਰੱਖਣ ਤਾਂ ਜ਼ੋ ਕੀਟਨਾਸ਼ਟ ਸਪਰੇਅ ਦਾ ਪੂਰਾ ਅਸਰ ਹੋ ਸਕੇ।